# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :17-12-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਅਦੀਸ ਅਬਾਬਾ ਵਿੱਚ ਇਥੋਪੀਆ ਦੀ ਸੰਸਦ ਦੇ ਸਾਂਝੇ ਇਜਲਾਸ ਨੂੰ ਸੰਬੋਧਨ ਕੀਤਾ। ਇਥੋਪੀਆ ਦੀ ਸੰਸਦ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦਾ ਰਾਸ਼ਟਰੀ ਗੀਤ 'ਵੰਦੇ ਮਾਤਰਮ' ਅਤੇ ਇਥੋਪੀਆ ਦਾ ਰਾਸ਼ਟਰੀ ਗੀਤ, ਦੋਵੇਂ ਸਾਡੀ ਧਰਤੀ ਨੂੰ ਮਾਂ ਵਜੋਂ ਸਤਿਕਾਰ ਦਿੰਦੇ ਨੇ । ਇਹ ਸਾਨੂੰ ਵਿਰਾਸਤ, ਸੱਭਿਆਚਾਰ, ਸੁੰਦਰਤਾ 'ਤੇ ਮਾਣ ਕਰਨ ਅਤੇ ਮਾਤ ਭੂਮੀ ਦੀ ਰੱਖਿਆ ਕਰਨ ਲਈ ਪ੍ਰੇਰਿਤ ਕਰਦੇ ਨੇ ।

---

ਪ੍ਰਧਾਨ ਮੰਤਰੀ ਮੋਦੀ ਆਪਣੇ ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਗੇੜ 'ਚ ਅੱਜ ਓਮਾਨ ਪਹੁੰਚਣਗੇ। ਭਾਰਤ ਤੇ ਓਮਾਨ 70 ਸਾਲਾਂ ਦੇ ਕੂਟਨੀਤਕ ਸਬੰਧਾਂ ਅਤੇ ਸਦੀਆਂ ਪੁਰਾਣੇ ਨਿਘੇ ਸਬੰਧਾਂ ਦਾ ਜਸ਼ਨ ਮਨਾ ਰਹੇ ਨੇ. ਪ੍ਰਧਾਨ ਮੰਤਰੀ, ਦਾ ਅੱਜ ਸ਼ਾਮ ਤੋਂ ਸ਼ੁਰੂ ਹੋ ਰਿਹਾ ਓਮਾਨ ਦਾ ਦੋ ਦਿਨਾਂ ਦੌਰਾ, ਵਿਕਾਸ ਨੂੰ ਵਧਾਉਣ ਲਈ ਇਕੱਠੇ ਕੰਮ ਕਰਨ ਵਾਸਤੇ ਸਬੰਧਾਂ ਨੂੰ

ਅੱਗੇ ਹੋਰ ਮਜ਼ਬੂਤ ਕਰੇਗਾ। ਦੋਵੇਂ ਦੇਸ਼ ਦਹਿਸ਼ਤਗਰਦੀ ਦੀ ਇਸਦੇ ਸਾਰੇ ਰੂਪਾਂ ਅਤੇ ਪ੍ਰਗਟਾਵਿਆਂ 'ਚ ਨਿਖੇਧੀ ਕਰਦੇ ਨੇ ਅਤੇ ਇਸ ਖਤਰੇ ਨਾਲ ਲੜਨ ਲਈ ਇੱਕ ਦੂਜੇ ਨਾਲ ਜੁੜੇ ਹੋਏ ਨੇ. ਰਣਨੀਤਕ ਤੌਰ 'ਤੇ ਵੀ ਦੋਵੇਂ ਦੇਸ਼ ਇੱਕ ਦੂਜੇ ਲਈ ਬਹੁਤ ਮਹੱਤਵਪੂਰਨ ਨੇ. ਮਸਕਟ ਵਿੱਚ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ, ਓਮਾਨ ਵਿੱਚ ਭਾਰਤੀ ਰਾਜਦੂਤ, ਜੀ.ਵੀ. ਸ਼੍ਰੀਨਿਵਾਸ ਨੇ ਕਿਹਾ ਕਿ ਦੋਵੇਂ ਦੇਸ਼ ਸਹਿਣਸ਼ੀਲ ਰਾਸ਼ਟਰ ਨੇ ਅਤੇ ਸਾਰੇ ਧਰਮਾਂ ਦਾ ਪੂਰਾ ਸਤਿਕਾਰ ਕਰਦੇ ਨੇ । ਪੇਸ਼ ਏ ਪ੍ਰਧਾਨ ਮੰਤਰੀ ਦੀ ਓਮਾਨ ਯਾਤਰਾ ਨੂੰ ਕਵਰ ਕਰ ਰਹੇ ਸਾਡੇ ਪੱਤਰਕਾਰ ਤੋਂ **ਇੱਕ ਰਿਪੋਰਟ** *–ਭਾਰਤ ਦੇ ਰਾਜਦੂਤ ਜੀਵੀ ਸ਼੍ਰੀਨਿਵਾਸ ਨੇ ਕਿਹਾ ਕਿ ਦੋਵਾਂ ਮੁਲਕਾਂ ਦੀਆਂ ਤਿੰਨਾਂ ਹਥਿਆਰਬੰਦ ਸੈਨਾਵਾਂ - ਥਲ ਸੈਨਾ, ਜਲ ਸੈਨਾ ਅਤੇ ਹਵਾਈ ਸੈਨਾ ਵਿਚਕਾਰ ਸਹਿਯੋਗ ਦਾ ਰਣਨੀਤਕ ਤੱਤ ਬਹੁਤ ਉਚੇ ਪੱਧਰ ਤੇ ਏ -*

*byte – STRATEGEY - Ambassador*

*ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਤੋਂ ਸ਼ੁਰੂ ਹੋ ਰਹੇ ਓਮਾਨ ਦੇ ਆਪਣੇ ਦੌਰੇ ਦੌਰਾਨ ਓਮਾਨ ਦੇ ਸੁਲਤਾਨ ਨਾਲ ਆਪਸੀ ਹਿੱਤਾਂ ਦੇ ਵੱਖ-ਵੱਖ ਮੁੱਦਿਆਂ 'ਤੇ ਗੱਲਬਾਤ ਕਰਨਗੇ । ਮਸਕੈਟ ਪਹੁੰਚਣ ਤੇ ਭਾਰਤੀ ਭਾਈਚਾਰੇ ਵਲੋਂ ਓਹਨਾ ਦਾ ਸਵਾਗਤ ਕੀਤਾ ਜਾਵੇਗਾ। ਕੱਲ੍ਹ ਉਹ ਦੋਵਾਂ ਦੇਸ਼ਾਂ ਦੇ ਵਪਾਰਕ ਆਗੂਆਂ ਨਾਲ ਮੁਲਾਕਾਤ ਕਰਨਗੇ ਅਤੇ*

*ਪਿਛਲੀਆਂ ਕਈ ਪੀੜ੍ਹੀਆਂ ਤੋਂ ਇੱਥੇ ਰਹਿ ਰਹੇ ਭਾਰਤੀ ਭਾਈਚਾਰੇ ਦੇ ਮੈਂਬਰਾਂ ਨਾਲ ਵੀ ਗੱਲਬਾਤ ਕਰਨਗੇ।*

---------------------------------------------------------------------

ਪੰਜਾਬ ਵਿਚ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਲਈ ਪਈਆਂ ਵੋਟਾਂ ਦੀ ਗਿਣਤੀ ਸਖਤ ਸੁਰਖਿਆ ਪ੍ਰਬੰਧਾਂ ਹੇਠ ਜਾਰੀ ਏ । ਸਵੇਰੇ 8 ਵਜੇ ਨਿਰਧਾਰਿਤ ਸਮੇਂ ਅਨੁਸਾਰ ਸ਼ੁਰੂ ਕੀਤੀ ਗਈ ਵੋਟਾਂ ਦੀ ਗਿਣਤੀ ਦੌਰਾਨ ਪੂਰੀ ਪਾਰਦਰਸ਼ਤਾ ਬਣਾਈ ਰੱਖਣ ਲਈ ਚੋਣ ਅਧਿਕਾਰੀਆਂ ਅਤੇ ਨਿਗਰਾਨ ਅਧਿਕਾਰੀਆਂ ਦੀ ਢੁਕਵੀਂ ਤਾਇਨਾਤੀ ਕੀਤੀ ਗਈ ਏ । ਚੋਣਾਂ ਦੀ ਗਿਣਤੀ ਵਾਲੇ ਸਥਾਨਾਂ ਦੇ 100 ਮੀਟਰ ਦੇ ਘੇਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ, ਜੋ ਚੋਣ ਪ੍ਰੀਕ੍ਰਿਆ ਨੂੰ ਪ੍ਰਭਾਵਿਤ ਕਰਦੀ ਹੋਵੇ ‘ਤੇ ਮੁਕੰਮਲ ਪਾਬੰਦੀ ਲਾਈ ਗਈ ਏ ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਰਤਾਨੀਆ ਨਾਲ ਵਿਸ਼ੇਸ਼ ਕਰਕੇ ਹੁਣ ਤੱਕ ਅਣਛੋਹੇ ਰਹੇ ਖੇਤਰਾਂ ਵਿੱਚ ਮਜ਼ਬੂਤ ਅਤੇ ਵਿਆਪਕ ਰਣਨੀਤਿਕ ਤੇ ਕਾਰੋਬਾਰੀ ਸਬੰਧਾਂ 'ਤੇ ਜ਼ੋਰ ਦਿੱਤਾ। ਕੱਲ ਪੰਜਾਬ- ਬਰਤਾਨੀਆ ਰਣਨੀਤਿਕ ਗੱਲਬਾਤ ਸੈਸ਼ਨ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਰਵਾਇਤੀ ਅਤੇ ਨਵੇਂ ਉੱਭਰ ਰਹੇ ਖੇਤਰਾਂ ਵਿੱਚ ਬਰਤਾਨੀਆ  ਨਾਲ ਮਜ਼ਬੂਤ ਕਾਰੋਬਾਰੀ ਸਬੰਧਾਂ ਦੀ

ਸਾਂਝ ਪਾਉਣ ਦਾ ਇਛੁੱਕ ਏ । ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਐਲਬਾ ਸਮੈਰੀਗਲੀਓ ਅਤੇ ਵੱਖ-ਵੱਖ ਅਤੇ ਬਹੁ-ਕੌਮੀ ਕੰਪਨੀਆਂ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਕਿਹਾ ਕਿ ਸੂਬੇ ਨੇ ਸਹਿਯੋਗ ਦੇ ਪੰਜ ਮੁੱਖ ਖੇਤਰਾਂ ਜਿਨ੍ਹਾਂ ਵਿੱਚ ਉਚੇਰੀ ਸਿੱਖਿਆ, ਕਪੜਾ ਉਦਯੋਗ , ਇੰਜੀਨੀਅਰਿੰਗ, ਆਟੋ ਕੰਪੋਨੈਂਟਸ ਅਤੇ ਖੇਤੀਬਾੜੀ ਤੇ ਫੂਡ ਪ੍ਰੋਸੈਸਿੰਗ ਸ਼ਾਮਲ ਨੇ ਦੇ ਨਾਲ-ਨਾਲ ਫਾਰਮਾਸਿਊਟੀਕਲ ਅਤੇ ਸਿਹਤ ਸੰਭਾਲ, ਸੂਚਨਾ ਤਕਨਾਲੋਜੀ ਅਤੇ ਵਪਾਰਕ ਸੇਵਾਵਾਂ ਸਮੇਤ ਨਵੇਂ ਉੱਭਰ ਰਹੇ ਖੇਤਰਾਂ ਦੀ ਪਛਾਣ ਕੀਤੀ ਏ । ਭਗਵੰਤ ਸਿੰਘ ਮਾਨ ਨੇ ਪੰਜਾਬ ਦੀਆਂ ਸਮਰੱਥਾਵਾਂ ਨੂੰ ਦਰਸਾਉਂਦਿਆਂ ਇੱਕ ਖਾਕਾ ਪੇਸ਼ ਕੀਤਾ, ਜਿਸ ਵਿੱਚ ਇਹ ਉਜਾਗਰ ਕੀਤਾ ਗਿਆ ਕਿ ਪੰਜਾਬ ਵਿੱਚ ਪੰਜ ਹਵਾਈ ਅੱਡਿਆਂ ਅਤੇ ਮਜ਼ਬੂਤ ਕੌਮੀ ਰਾਜਮਾਰਗ ਲਿੰਕਾਂ ਨਾਲ ਵਿਸ਼ਵ ਪੱਧਰੀ ਤੇ ਮਜ਼ਬੂਤ ਸੰਪਰਕ ਨੈਟਵਰਕ ਏ ।

----------------------------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੱਲ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਸਬੰਧੀ ਮਸਲਿਆਂ ਬਾਰੇ ਸਮੀਖਿਆ ਮੀਟਿੰਗ ਕੀਤੀ। ਪੰਜਾਬ ਸਿਵਲ ਸਕੱਤਰੇਤ ਵਿਖੇ ਮੀਟਿੰਗ ਦੌਰਾਨ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ

ਜੇ.ਐਮ. ਬਾਲਾ-ਮੁਰੂਗਨ ਨੇ ਵਿਭਾਗ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਅਤੇ ਕੰਮਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਮੰਤਰੀ ਨਾਲ ਸਾਂਝੀ ਕੀਤੀ। ਸਮੀਖਿਆ ਮੀਟਿੰਗ ਵਿੱਚ ਜੰਗੀ ਯਾਦਗਾਰਾਂ ਦੀ ਉਸਾਰੀ ਅਤੇ ਵਿਕਾਸ, ਸੈਨਿਕ ਸਕੂਲਾਂ ਦੀ ਕਾਰਗੁਜ਼ਾਰੀ, ਵਿਭਾਗੀ ਬਜਟ ਉਪਬੰਧ, ਸਾਬਕਾ ਸੈਨਿਕਾਂ ਦੀ ਪੈਨਸ਼ਨ ਨਾਲ ਜੁੜੇ ਮਾਮਲੇ ਅਤੇ ਰੈਸਟ ਹਾਊਸਾਂ ਦੀਆਂ ਸੁਵਿਧਾਵਾਂ ਬਾਰੇ ਵਿਸਤ੍ਰਿਤ ਚਰਚਾ ਕੀਤੀ ਗਈ। ਸ੍ਰੀ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ ਦੇ ਲੰਬਿਤ ਮਸਲਿਆਂ ਦਾ ਨਿਪਟਾਰਾ ਪਹਿਲ ਦੇ ਆਧਾਰ ’ਤੇ ਕੀਤਾ ਜਾਵੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਦੀ ਭਲਾਈ, ਸਨਮਾਨ ਅਤੇ ਸਮਾਜਿਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ । ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਸਰਕਾਰੀ ਯੋਜਨਾਵਾਂ ਅਤੇ ਸੁਵਿਧਾਵਾਂ ਦਾ ਲਾਭ ਹਰ ਯੋਗ ਸਾਬਕਾ ਸੈਨਿਕ ਤੱਕ ਸਮੇਂ ਸਿਰ ਪਹੁੰਚਣਾ ਚਾਹੀਦਾ ਏ ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਤਹਿਗੜ੍ਹ ਸਾਹਿਬ ਦੀ ਪਾਵਨ ਧਰਤੀ ’ਤੇ ਸ਼ਹੀਦੀ ਸਭਾ ਮੌਕੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਮਹਾਨ ਕੁਰਬਾਨੀ ਨੂੰ ਸਿਜਦਾ ਕਰਨ ਲਈ ਕੀਤੇ ਗਏ ਪ੍ਰਬੰਧਾਂ ਬਾਰੇ ਕਿਹਾ ਕਿ ਕਿਸੇ ਵੀ ਸ਼ਰਧਾਲੂ ਨੂੰ ਕੋਈ ਮੁਸ਼ਕਲ ਪੇਸ਼ ਨਾ

ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੰਗਤ ਦੀ ਵੱਡੀ ਆਮਦ ਦੇ ਮੱਦੇਨਜ਼ਰ ਸਿਹਤ ਸਹੂਲਤਾਂ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ 20 ਆਮ ਆਦਮੀ ਕਲੀਨਿਕ ਅਤੇ 5 ਡਿਸਪੈਂਸਰੀਆਂ ਸਥਾਪਤ ਕੀਤੀਆਂ ਜਾ ਰਹੀਆਂ ਨੇ ਜਿੱਥੇ ਮਾਹਿਰ ਡਾਕਟਰ ਅਤੇ ਬਾਕੀ ਸਟਾਫ ਮੌਜੂਦ ਰਹੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਅਤੇ ਡਿਸਪੈਂਸਰੀਆਂ ਲਈ ਦਵਾਈਆਂ ਅਤੇ ਹੋਰ ਸਾਜ਼ੋ-ਸਾਮਾਨ ਦੀ ਵਿਵਸਥਾ ਕਰ ਲਈ ਏ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰ ਵਿੱਚ ਸੰਗਤ ਦੇ ਆਉਣ-ਜਾਣ ਲਈ ਮੁਫ਼ਤ ਸਫਰ ਦੀ ਸਹੂਲਤ ਦੇਣ ਲਈ 'ਇੰਟਰ ਸਿਟੀ ਸ਼ਟਲ ਬੱਸ ਸੇਵਾ' ਸ਼ੁਰੂ ਕੀਤੀ ਜਾਵੇਗੀ ਅਤੇ ਸ਼ਹੀਦੀ ਸਭਾ ਦੌਰਾਨ 200 ਸ਼ਟਲ ਬੱਸਾਂ ਅਤੇ 100 ਈ-ਰਿਕਸ਼ੇ ਸੰਗਤ ਲਈ ਤਾਇਨਾਤ ਹੋਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬੱਸਾਂ ਅਤੇ ਈ-ਰਿਕਸ਼ੇ ਬਾਹਰੋਂ ਆਉਣ ਵਾਲੀਆਂ ਸੰਗਤਾਂ ਨੂੰ ਪਾਰਕਿੰਗ ਵਾਲੀਆਂ ਥਾਵਾਂ ਤੋਂ ਗੁਰਦੁਆਰਾ ਸਾਹਿਬ ਅਤੇ ਹੋਰ ਥਾਵਾਂ ਤੇ ਲਿਜਾਣਗੇ। ਸੁਰੱਖਿਆ ਵਿਵਸਥਾ ਬਾਰੇ ਮੁੱਖ ਮੰਤਰੀ ਨੇ ਦੱਸਿਆ ਕਿ 3300 ਤੋਂ ਵੱਧ ਪੁਲਿਸ ਜਵਾਨ ਸੰਗਤਾਂ ਦੀ ਸਹਾਇਤਾ ਲਈ ਡਿਊਟੀ 'ਤੇ ਤਾਇਨਾਤ ਰਹਿਣਗੇ। ਉਨ੍ਹਾਂ ਦੱਸਿਆ ਕਿ ਪੁਲਿਸ ਇੰਟੇਗ੍ਰੇਟਿਡ ਕੰਟਰੋਲ ਸੈਂਟਰ ਸਥਾਪਤ ਕੀਤਾ ਗਿਆ ਜਿੱਥੇ ਸੰਗਤ ਦੀ ਸਹੂਲਤ ਲਈ ਵਿਸ਼ੇਸ਼ ਹੈਲਪਲਾਈਨ ਨੰਬਰ 0176-3232838 ਵੀ ਜਾਰੀ ਕੀਤਾ ਗਿਆ ਏ।

-------------------------------------------------------------------

ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਪੰਜਾਬ ਸਰਕਾਰ 54 ਨਵੇਂ ਸੇਵਾ ਕੇਂਦਰ ਖੋਲ੍ਹਣ ਜਾ ਰਹੀ ਏ ਤਾਂ ਜੋ ਆਪਣੇ ਨਾਗਰਿਕ ਸੇਵਾ ਬੁਨਿਆਦੀ ਢਾਂਚੇ ਦਾ ਹੋਰ ਵਿਸਥਾਰ ਕੀਤਾ ਜਾ ਸਕੇ। ਇਸ ਪੇਸ਼ਕਦਮੀ ਨਾਲ ਸੂਬੇ ਭਰ ਵਿੱਚ ਸੇਵਾ ਕੇਂਦਰਾਂ ਦੀ ਕੁੱਲ ਗਿਣਤੀ 598 ਹੋ ਜਾਵੇਗੀ। ਸੂਬੇ ਦੇ ਸੂਚਨਾ ਤਕਨਾਲੋਜੀ ਮੰਤਰੀ ਅਮਨ ਅਰੋੜਾ ਨੇ ਇਹ ਐਲਾਨ ਕੱਲ ਚੰਡੀਗੜ੍ਹ ਵਿਖੇ ਸੇਵਾ ਕੇਂਦਰ ਦੇ ਸੰਚਾਲਨ ਬਾਰੇ ਹੋਈ ਵਿਆਪਕ ਸਮੀਖਿਆ ਮੀਟਿੰਗ ਦੌਰਾਨ ਕੀਤਾ । ਪੰਜਾਬ ਭਰ ਦੇ ਮੌਜੂਦਾ 544 ਸੇਵਾ ਕੇਂਦਰਾਂ ਦੀ ਮਿਸਾਲੀ ਕਾਰਗੁਜ਼ਾਰੀ ’ਤੇ ਧਿਆਨ ਕੇਂਦਰਿਤ ਕੀਤਾ ਗਿਆ, ਜਿਸ ਵਿੱਚ 263 ਸ਼ਹਿਰੀ ਅਤੇ 281 ਪੇਂਡੂ ਕੇਂਦਰ ਸ਼ਾਮਲ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਰਜ਼ੀ ਪ੍ਰਕਿਰਿਆ ਵਿੱਚ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਜ਼ਿਲਿਆਂ ਨੂੰ ਇਨਾਮ ਦਿੱਤਾ ਜਾਵੇਗਾ ਅਤੇ ਬਕਾਇਆ ਮਾਮਲਿਆਂ ਦੇ 100 ਫੀਸਦੀ ਨਿਪਟਾਰੇ ਵਾਲੇ ਅਧਿਕਾਰੀਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਔਨਲਾਈਨ ਤਸਦੀਕ ਲਈ ਲਗਭਗ 4 ਲੱਖ ਅਰਜ਼ੀਆਂ ਪ੍ਰਾਪਤ ਹੋਈਆਂ ਹਨ, ਜਿਨ੍ਹਾਂ ਵਿੱਚੋਂ 96.3 ਫੀਸਦੀ ਅਰਜ਼ੀਆਂ ’ਤੇ ਕਾਰਵਾਈ ਕੀਤੀ ਗਈ ਏ । ਸ੍ਰੀ ਅਮਨ ਅਰੋੜਾ ਨੇ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਕਿ ਨਵੇਂ ਸੇਵਾ ਕੇਂਦਰਾਂ ਲਈ ਸਾਰੀਆਂ

ਉਸਾਰੀ ਗਤੀਵਿਧੀਆਂ 15 ਜਨਵਰੀ ਤੱਕ ਪੂਰੀਆਂ ਕਰ ਲਈਆਂ ਜਾਣ।

-------------------------------------------------------------------

ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਚੌਥਾ TWENTY–twenty ਕ੍ਰਿਕੇਟ ਮੈਚ ਅੱਜ ਲਖਨਊ ਵਿੱਚ ਖੇਡਿਆ ਜਾਵੇਗਾ । ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਭਾਰਤ ਪੰਜ ਮੈਚਾਂ ਦੀ ਲੜੀ ਵਿੱਚ 2-1 ਨਾਲ ਅੱਗੇ ਏ । ਪੰਜਵਾਂ ਅਤੇ ਆਖਰੀ ਮੈਚ ਸ਼ੁੱਕਰਵਾਰ ਨੂੰ ਅਹਿਮਦਾਬਾਦ ਵਿੱਚ ਖੇਡਿਆ ਜਾਵੇਗਾ। ਆਲਰਾਉਂਡਰ ਅਕਸ਼ਰ ਪਟੇਲ ਸਿਹਤ ਠੀਕ ਨਾ ਹੋਣ ਕਾਰਨ ਲੜੀ ਤੋਂ ਬਾਹਰ ਹੋ ਗਏ ਨੇ । ਸ਼ਾਹਬਾਜ਼ ਅਹਿਮਦ ਨੂੰ ਓਹਨਾਂ ਦੀ ਥਾਂ ਟੀਮ ਵਿੱਚ ਸ਼ਾਮਲ ਕੀਤਾ ਗਿਆ ਏ ।